BRITISH COLUMBIA HealthLinkBC

Punjabi - Number 23a
July 2016

# ਮੇਨਿੰਨਜੋਕੋਕਲ ਸੀ ਕੌਨਜੁਗੇਟ (ਮੇਨ–ਸੀ) ਵੈਕਸੀਨ
# Meningococcal C Conjugate (Men-C) Vaccine

**ਆਪਣੇ ਬੱਚੇ ਨੂੰ ਸੁਰੱਖਿਅਤ ਰੱਖੋ।**
**ਸਾਰੇ ਵੈਕਸੀਨ ਸਮੇਂ ਸਿਰ ਦਿਵਾਓ।**

ਸਮੇਂ ਸਿਰ ਵੈਕਸੀਨੇਸ਼ਨ ਕਰਵਾ ਕੇ ਤੁਹਾਡੇ ਬੱਚੇ ਦਾ ਜ਼ਿੰਦਗੀ-ਭਰ ਲਈ ਕਈ ਬਿਮਾਰੀਆਂ ਤੋਂ ਬਚਾਅ ਹੋ ਜਾਂਦਾ ਹੈ।

ਬੀਮਾਰੀਆਂ ਤੋਂ ਬਚਾਉਣ ਲਈ ਟੀਕਾਕਰਣ ਨੇ ਪਿਛਲੇ 50 ਸਾਲਾਂ ਵਿੱਚ ਕੈਨੇਡਾ ਵਿੱਚ ਸਿਹਤ ਸੰਬੰਧੀ ਕਿਸੇ ਵੀ ਹੋਰ ਜਤਨ ਨਾਲੋਂ ਜਿਆਦਾ ਜਾਨਾਂ ਬਚਾਈਆਂ ਹਨ।

## ਮੇਨ – ਸੀ ਵੈਕਸੀਨ ਕੀ ਹੈ?

ਮੇਨ – ਸੀ ਵੈਕਸੀਨ ਮੇਨਿੰਨਜੋਕੋਕਲ ਬੈਰਟੀਰੀਆ ਦੀਆਂ ਸਭ ਤੋਂ ਆਮ ਕਿਸਮਾਂ ਵਿੱਚੋਂ ਇੱਕ, ਟਾਇਪ ਸੀ ਤੋਂ ਵਿਗਾੜ ਦੇ ਵਿਰੁੱਧ ਰੱਖਿਆ ਕਰਦੀ ਹੈ।ਇਹ ਵੈਕਸੀਨ ਹੈਲਥ ਕੈਨੇਡਾ ਦੁਆਰਾ ਮਾਨਤਾ ਪ੍ਰਾਪਤ ਹੈ।

ਮੇਨ – ਸੀ ਵੈਕਸੀਨ ਤੁਹਾਡੇ ਬੱਚੇ ਦੇ ਬੀਮਾਰੀਆਂ ਤੋਂ ਬਚਾਉਣ ਲਈ ਨੇਮਕ ਟੀਕਾਕਰਣ ਦੇ ਹਿੱਸੇ ਵਜੋਂ ਮੁਫਤ ਦਿੱਤੀ ਜਾਂਦੀ ਹੈ। ਮਿਲਣ ਦਾ ਸਮਾਂ ਤਹਿ ਕਰਨ ਲਈ ਆਪਣੇ ਸਿਹਤ ਸੰਭਾਲ ਵਾਲੇ ਨੂੰ ਫੋਨ ਕਰੋ।

## ਮੇਨ – ਸੀ ਵੈਕਸੀਨ ਕਿਸ ਨੂੰ ਦਿੱਤੀ ਜਾਣੀ ਚਾਹੀਦੀ ਹੈ?

ਮੇਨ – ਸੀ ਵੈਕਸੀਨ ਛੋਟੇ ਬੱਚਿਆਂ ਨੂੰ 2 ਖੁਰਾਕਾਂ ਦੀ ਲੜੀ ਦੀ ਤਰ੍ਹਾਂ ਦਿੱਤੀ ਜਾਂਦੀ ਹੈ। ਪਹਿਲੀ 2 ਮਹੀਨੇ ਦੀ ਉਮਰ ਤੇ ਦਿੱਤੀ ਜਾਂਦੀ ਹੈ ਅਤੇ ਦੂਸਰੀ 12 ਮਹੀਨੇ ਤੇ। ਇਹ ਵੈਕਸੀਨ ਬਚਪਨ ਵਿੱਚ ਬੀਮਾਰੀਆਂ ਤੋਂ ਬਚਾਉਣ ਲਈ ਦਿੱਤੇ ਜਾਣ ਵਾਲੇ ਦੂਸਰੇ ਟੀਕਿਆਂ ਦੇ ਨਾਲ ਦਿੱਤੀ ਜਾਂਦੀ ਹੈ।

| ਮੇਨ – ਸੀ ਵੈਕਸੀਨ | ਬੀਮਾਰੀਆਂ ਤੋਂ ਬਚਾਉ ਲਈ ਦਿੱਤੇ ਜਾਣ ਵਾਲੇ ਟੀਕਿਆਂ ਸਮੇਂ ਬੱਚੇ ਦੀ ਉਮਰ |
|---|---|
| ਪਹਿਲੀ ਖੁਰਾਕ | 2 ਮਹੀਨੇ |
| ਦੂਸਰੀ ਖੁਰਾਕ | 12 ਮਹੀਨੇ |

ਵੈਕਸੀਨ ਉਨ੍ਹਾਂ ਲੋਕਾਂ ਨੂੰ ਵੀ ਦਿੱਤੀ ਜਾ ਸਕਦੀ ਹੈ:

- 2002 ਤੋਂ ਪਹਿਲਾਂ ਪੈਦਾ ਹੋਏ ਜਿਹੜੇ 24 ਸਾਲ ਜਾਂ ਉਸ ਤੋਂ ਘੱਟ ਉਮਰ ਦੇ ਹਨ ਅਤੇ ਜਿੰਨਾਂ ਨੇ ਆਪਣੇ ਵੇਂ ਜਨਮਦਿਨ ਤੇ ਜਾਂ ਉਸ ਤੋਂ ਬਾਅਦ ਵੈਕਸੀਨ ਦੀ ਖੁਰਾਕ ਨਹੀਂ ਮਿਲੀ;
- 18 ਸਾਲ ਜਾਂ ਉਸ ਤੋਂ ਵੱਧ ਉਮਰ ਦੇ ਉਹ ਲੋਕ ਜਿੰਨਾਂ ਦਾ ਸਟੈਮ ਸੈਲ ਟਰਾਂਸਪਲਾਂਟ ਹੋਇਆ ਹੈ;ਅਤੇ
- ਉਹ ਲੋਕ ਜਿੰਨਾਂ ਦਾ ਮੇਨਿੰਨਜੋਕੋਕਲ ਟਾਇਪ ਸੀ ਬਿਮਾਰੀ ਵਾਲੇ ਕਿਸੀ ਵਿਅਕਤੀ ਦੇ ਨਾਲ ਨਜ਼ਦੀਕੀ ਸੰਪਰਕ ਰਿਹਾ ਹੈ।.

ਬੀਮਾਰੀਆਂ ਤੋਂ ਬਚਾਉਣ ਲਈ ਲਗਾਏ ਗਏ ਸਾਰੇ ਟੀਕਿਆਂ ਦਾ ਰਿਕਾਰਡ ਰੱਖਣਾ ਮਹੱਤਵਪੂਰਨ ਹੈ।

## ਵੈਕਸੀਨ ਦੇ ਕੀ ਲਾਭ ਹਨ?

ਮੇਨਿੰਨਜੋਕੋਕਲ ਟਾਇਪ ਸੀ ਵਿਗਾੜ ਦੇ ਵਿਰੁੱਧ ਰੱਖਿਆ ਕਰਨ ਵਾਲੀਆਂ ਵੈਕਸੀਨਾਂ ਤੁਹਾਡੇ ਬੱਚੇ ਦੀ ਇਸ ਗੰਭੀਰ ਅਤੇ ਕਈ ਵਾਰੀ ਜਾਨਲੇਵਾ ਬਿਮਾਰੀ ਦੇ ਵਿਰੁੱਧ ਰੱਖਿਆ ਕਰਨ ਦਾ ਸਭ ਤੋਂ ਚੰਗਾ ਢੰਗ ਹਨ।

ਜਦੋਂ ਤੁਸੀਂ ਬੀਮਾਰੀਆਂ ਤੋਂ ਬਚਾਉਣ ਲਈ ਟੀਕੇ ਲਗਵਾਉਂਦੇ ਹੋ, ਤਾਂ ਤੁਸੀਂ ਦੂਜਿਆਂ ਦੀ ਰੱਖਿਆ ਕਰਨ ਵਿੱਚ ਵੀ ਮਦਦ ਕਰਦੇ ਹੋ।

## ਵੈਕਸੀਨ ਦੇ ਬਾਦ ਦੀਆਂ ਸੰਭਾਵੀ ਪ੍ਰਤੀਕ੍ਰਿਆਵਾਂ ਕੀ ਹਨ?

ਵੈਕਸੀਨਾਂ ਬਹੁਤ ਸੁਰੱਖਿਅਤ ਹੁੰਦੀਆਂ ਹਨ।ਵੈਕਸੀਨ ਲਗਵਾਉਣਾ ਮੇਨਿੰਨਜੋਕੋਕਲ ਬੀਮਾਰੀ ਦਾ ਸ਼ਿਕਾਰ ਹੋਣ ਤੋਂ ਜਿਆਦਾ ਸੁਰੱਖਿਅਤ ਹੈ।ਵੈਕਸੀਨ ਦੀਆਂ ਆਮ ਪ੍ਰਤੀਕ੍ਰਿਆਵਾਂ ਵਿੱਚ ਵੈਕਸੀਨ ਦਿੱਤੇ ਜਾਣ ਵਾਲੀ ਥਾਂ ਤੇ ਜਲਨ, ਲਾਲੀ, ਅਤੇ ਸੋਜ ਸ਼ਾਮਲ ਹੋ ਸਕਦੇ ਹਨ। ਵੈਕਸੀਨ ਪ੍ਰਾਪਤ ਕਰਨ ਦੇ 24 ਘੰਟਿਆਂ ਦੇ ਬਾਦ ਬੁਖਾਰ, ਘੂਕੀ, ਚਿੜਚਿੜਾਪਨ, ਭੁੱਖ ਨਾ ਲਗਣਾ,ਮਤਲੀ, ਸਿਰਦਰਦ ਜਾਂ ਮਾਸਪੇਸ਼ੀਆਂ ਵਿੱਚ ਦਰਦ ਵੀ ਹੋ ਸਕਦੇ ਹਨ।ਪ੍ਰਤੀਕ੍ਰਿਆਵਾਂ ਹਲਕੀਆਂ ਹੁੰਦੀਆਂ ਹਨ ਅਤੇ ਆਮਤੌਰ ਤੇ 1 ਤੋਂ 2 ਦਿਨ ਤੱਕ ਰਹਿੰਦੀਆਂ ਹਨ।

ਅਸੀਟਾਮੇਨੋਫੇਨ (Acetaminophen) (ਉਦਹਾਰਣ ਲਈ ਟਾਇਲੇਨੌਲ (Tylenol®)) ਜਾਂ ਆਈਬਿਊਪ੍ਰੋਫੇਨ (ibuprofen*) (ਉਦਹਾਰਣ ਲਈ ਐਡਵਿਲ (Advil®)) ਬੁਖਾਰ ਜਾਂ ਜਲਨ ਲਈ ਦਿੱਤੀ ਜਾ ਸਕਦੀ ਹੈ।ਏਐਸਏ (ASA) (ਉਦਹਾਰਣ ਲਈ ਐਸਪਰੀਨ (Aspirin®)) ਰੇ ਸਿੰਡਰੋਮ ਦੇ ਖਤਰੇ ਕਰਕੇ 18 ਸਾਲਾਂ ਤੋਂ ਘੱਟ ਉਮਰ ਦੇ ਕਿਸੇ ਵਿਅਕਤੀ ਨੂੰ ਨਹੀਂ ਦਿੱਤੀ ਜਾਣੀ ਚਾਹੀਦੀ।

* 6 ਮਹੀਨਿਆਂ ਤੋਂ ਘੱਟ ਉਮਰ ਦੇ ਬੱਚਿਆਂ ਨੂੰ ਪਹਿਲਾਂ ਆਪਣੇ ਸਿਹਤ ਸੰਭਾਲ ਪ੍ਰਦਾਤਾ ਦੇ ਨਾਲ ਗੱਲ ਕੀਤੇ ਬਿਨਾਂ ਆਈਬਿਊਪ੍ਰੋਫੇਨ ਨਹੀਂ ਦਿੱਤੀ ਜਾਣੀ ਚਾਹੀਦੀ।

ਰਾਈ ਸਿੰਡਰੋਮ ਬਾਰੇ ਹੋਰ ਜ਼ਿਆਦਾ ਜਾਣਕਾਰੀ ਲਈ ਹੈਲਥਲਿੰਕ ਬੀ.ਸੀ. ਫ਼ਾਈਲ HealthLinkBC File #84 ਰਾਈ ਸਿੰਡਰੋਮ ਦੇਖੋ।

ਕੋਈ ਵੀ ਵੈਕਸੀਨ ਲਗਵਾਉਣ ਤੋਂ ਬਾਦ 15 ਮਿੰਟ ਤੱਕ ਕਲੀਨਿਕ ਵਿੱਚ ਰਹਿਣਾ ਜਰੂਰੀ ਹੈ ਕਿਉਂਕਿ ਐਨਾਫਲਾਕਸਿਸ ਨਾਮ ਦੀ ਜੀਵਨ ਨੂੰ ਖਤਰੇ ਵਿੱਚ ਪਾਉਣ ਵਾਲੀ ਅਲਰਜਿਕ ਪ੍ਰਤੀਕ੍ਰਿਆ ਦੀ ਅਤਿ ਵਿਰਲੀ, ਇੱਕ ਮਿਲੀਅਨ ਵਿੱਚੋਂ 1 ਤੋਂ ਵੀ ਘੱਟ, ਸੰਭਾਵਨਾ ਹੋ ਸਕਦੀ ਹੈ। ਇਸ ਵਿੱਚ ਛਪਾਕੀ, ਸਾਹ ਲੈਣ ਵਿੱਚ ਤਕਲੀਫ, ਜਾਂ ਗਲੇ, ਜੀਭ ਜਾਂ ਬੁਲਾਂ ਦੀ ਸੋਜ ਸ਼ਾਮਲ ਹੋ ਸਕਦੇ ਹਨ। ਜੇ ਅਜਿਹੀ ਪ੍ਰਤੀਕਿਰਿਆ ਹੁੰਦੀ ਹੈ ਤਾਂ ਤੁਹਾਡਾ ਸਿਹਤ ਸੰਭਾਲ ਪ੍ਰਦਾਤਾ ਇਸ ਦਾ ਇਲਾਜ ਕਰਨ ਲਈ ਤਿਆਰ ਹੈ।ਐਮਰਜੈਂਸੀ ਇਲਾਜ ਵਿੱਚ ਸ਼ਾਮਲ ਹੈ ਐਪੀਨੈਫਰਿੰਨ (ਐਡਰੇਨੇਲਿੰਨ) ਦੇਣਾ ਅਤੇ ਐਂਬੁਲੈਂਸ ਰਾਹੀਂ ਸਭ ਤੋਂ ਨਜ਼ਦੀਕੀ ਐਮਰਜੈਂਸੀ ਵਿਭਾਗ ਤੱਕ ਟਰਾਂਸਫਰ। ਜੇ ਲੱਛਣ ਤੁਹਾਡੇ ਕਲੀਨਿਕ ਤੋਂ ਜਾਣ ਤੋਂ ਬਾਦ ਵਿਕਸਤ ਹੁੰਦੇ ਹਨ, ਤਾਂ **9-1-1** ਜਾਂ ਸਥਾਨਕ ਐਮਰਜੈਂਸੀ ਨੰਬਰ ਉੱਤੇ ਫੋਨ ਕਰੋ।

ਸਾਰੀਆਂ ਗੰਭੀਰ ਜਾਂ ਅਣਿਆਈ ਪ੍ਰਤੀਕ੍ਰਿਆਵਾਂ ਬਾਰੇ ਆਪਣੀ ਸਿਹਤ ਦੀ ਦੇਖਭਾਲ ਦਾ ਪ੍ਰਬੰਧ ਕਰਨ ਵਾਲੇ ਨੂੰ ਹਮੇਸ਼ਾ ਦਸਣਾ ਮਹੱਤਵਪੂਰਨ ਹੈ।

## ਮੇਨ – ਸੀ ਵੈਕਸੀਨ ਕਿਸ ਨੂੰ ਨਹੀਂ ਦਿੱਤੀ ਜਾਣੀ ਚਾਹੀਦੀ ?

ਜੇ ਤੁਹਾਨੂੰ ਪਹਿਲਾਂ ਲਈ ਗਈ ਮੇਨਿੰਨਜੋਕੋਕਲ ਵੈਕਸੀਨ ਦੀ ਖੁਰਾਕ, ਜਾਂ ਵੈਕਸੀਨ ਦੇ ਕਿਸੇ ਵੀ ਅੰਸ਼ ਜਾਂ ਲੇਟੈਕਸ ਪ੍ਰਤੀ ਜੀਵਨ ਨੂੰ ਖਤਰੇ ਵਿੱਚ ਪਾਉਣ ਵਾਲੀ ਅਲਰਜਿਕ ਪ੍ਰਤੀਕ੍ਰਿਆ ਹੋਈ ਹੈ ਤਾਂ ਆਪਣੇ ਸਿਹਤ ਸੰਭਾਲ ਪ੍ਰਦਾਤਾ ਨਾਲ ਗੱਲ ਕਰੋ।

ਜ਼ੁਕਾਮ ਜਾਂ ਕਿਸੇ ਹੋਰ ਹਲਕੀ ਬੀਮਾਰੀ ਕਰਕੇ ਬੀਮਾਰੀਆਂ ਤੋਂ ਬਚਾਉਣ ਵਾਲੇ ਟੀਕੇ ਲਗਵਾਉਣ ਨੂੰ ਟਾਲਣ ਦੀ ਲੋੜ ਨਹੀਂ ਹੈ। ਪਰ, ਜੇ ਤੁਹਾਡੀਆਂ ਕੁਝ ਚਿੰਤਾਵਾਂ ਹਨ ਤਾਂ ਆਪਣੇ ਸਿਹਤ ਸੰਭਾਲ ਪ੍ਰਦਾਤਾ ਨਾਲ ਗੱਲ ਕਰੋ।

## ਮੇਨਿੰਨਜੋਕੋਕਲ – ਸੀ ਵਿਗਾੜ ਕੀ ਹੈ?

ਮੇਨਿੰਨਜੋਕੋਕਲ – ਸੀ ਵਿਗਾੜ ਮੇਨਿੰਨਜੋਕੋਕਲ ਟਾਇਪ ਸੀ ਨਾਂ ਦੇ ਬੈਕਟੀਰੀਆ ਕਰਕੇ ਹੁੰਦਾ ਹੈ।ਇਹ ਬੈਕਟੀਰੀਆ, ਮੈਨਿੰਨਜਾਈਟਸ ਜੋ ਕਿ ਦਿਮਾਗ ਨੂੰ ਢੱਕਣ ਵਾਲੀ ਪਰਤ ਦਾ ਵਿਗਾੜ, ਸੈਪਟੀਸੀਮੀਆ– ਜੋ ਖੂਨ ਦਾ ਵਿਗਾੜ ਅਤੇ ਨਿਮੋਨੀਆ – ਜੋ ਫੇਫੜਿਆਂ ਦਾ ਵਿਗਾੜ ਹੈ, ਸਮੇਤ ਗੰਭੀਰ ਅਤੇ ਜਾਨ ਨੂੰ ਖਤਰੇ ਵਿੱਚ ਪਾਉਣ ਵਾਲੀਆਂ ਬੀਮਾਰੀਆਂ ਦਾ ਕਾਰਨ ਬਣ ਸਕਦਾ ਹੈ। ਬੀਮਾਰ ਹੋਣ ਵਾਲੇ ਹਰੇਕ 100 ਬੱਚਿਆਂ ਵਿੱਚੋਂ 15 ਤੱਕ ਦੀ ਮੌਤ ਹੋ ਜਾਏਗੀ, ਜੇ ਉਹ ਇਲਾਜ ਪ੍ਰਾਪਤ ਕਰਦੇ ਹਨ ਤਾਂ ਵੀ ।ਵਿਗਾੜ ਦੀਆਂ ਸਥਾਈ ਜਟਿਲਤਾਵਾਂ ਵਿੱਚ ਸ਼ਾਮਲ ਹਨ ਦਿਮਾਗੀ ਨੁਕਸਾਨ ਅਤੇ ਬਹਿਰਾਪਨ।

ਮੇਨਿੰਨਜੋਕੋਕਲ ਵਿਗਾੜ ਖੰਘਣ, ਛਿੱਕਣ ਜਾਂ ਨਿਕਟੀ ਆਮ੍ਹੋ ਸਾਮ੍ਹਣੇ ਦੇ ਸੰਪਰਕ ਨਾਲ ਇੱਕ ਵਿਅਕਤੀ ਤੋਂ ਦੂਜੇ ਤੱਕ ਫੈਲਦਾ ਹੈ। ਇਹ ਥੁੱਕ ਰਾਹੀਂ ਵੀ ਫੈਲ ਸਕਦਾ ਹੈ।ਨਿਆਣੇ ਅਤੇ ਛੋਟੇ ਬੱਚੇ ਦੂਸਰੇ ਬੱਚਿਆਂ ਦੁਆਰਾ ਵਰਤੇ ਗਏ ਸੂਦਰ, ਬੋਤਲਾਂ ਜਾਂ ਖਿਡੌਣੇ ਸਾਂਝੇ ਕਰਨ ਨਾਲ ਬੀਮਾਰ ਹੋ ਸਕਦੇ ਹਨ।ਵੱਡੇ ਬੱਚੇ ਅਤੇ ਬਾਲਗ ਚੁੰਮਣ ਵਰਗੀਆਂ ਗਤੀਵਿਧੀਆਂ, ਜਾਂ ਖਾਣਾ, ਪੇਯ, ਸਿਗਰਟਾਂ, ਲਿਪਸਟਿਕਾਂ, ਪਾਣੀ ਦੀਆਂ ਬੋਤਲਾਂ, ਖੇਡਾਂ ਲਈ ਵਰਤੇ ਜਾਣ ਵਾਲੇ ਮਾਉਥ ਗਾਰਡ ਜਾਂ ਸੰਗੀਤ ਦੇ ਸਾਜਾਂ ਦੇ ਮੂੰਹ ਵਾਲੇ ਹਿੱਸਿਆਂ ਨੂੰ ਸਾਂਝਾ ਕਰਨ ਰਾਹੀਂ ਬੀਮਾਰ ਹੋ ਸਕਦੇ ਹਨ।

ਮੇਨਿੰਨਜੋਕੋਕਲ ਟਾਇਪ ਸੀ ਬਿਮਾਰੀ ਬਚਪਨ ਦੇ ਬੀਮਾਰੀਆਂ ਤੋਂ ਬਚਾਉਣ ਲਈ ਨੇਮਕ ਟੀਕਾਕਰਣ ਪ੍ਰੋਗਰਾਮਾਂ ਕਰਕੇ ਹੁਣ ਬੀ ਸੀ ਵਿੱਚ ਵਿਰਲੀ ਹੈ।

## ਸਿਆਣੇ ਨਾਬਾਲਗਾਂ ਦੀ ਸਹਿਮਤੀ

ਸਿਫ਼ਾਰਸ਼ ਕੀਤੀ ਜਾਂਦੀ ਹੈ ਕਿ ਮਾਪੇ ਜਾਂ ਸਰਪ੍ਰਸਤ ਅਤੇ ਉਨ੍ਹਾਂ ਦੇ ਬੱਚੇ ਟੀਕਾਕਰਣ (ਇਮਿਊਨਾਈਜ਼ੇਸ਼ਨ) ਲਈ ਸਹਿਮਤੀ ਬਾਰੇ ਚਰਚਾ ਕਰਨ।19 ਸਾਲ ਤੋਂ ਘੱਟ ਉਮਰ ਦੇ ਉਹ ਬੱਚੇ ਜਿਹੜੇ ਹਰ ਵੈਕਸੀਨ ਦੇ ਲਾਭ ਅਤੇ ਸੰਭਵ ਪ੍ਰਤੀਕਿਰਿਆਵਾਂ ਅਤੇ ਇਮਿਊਨਾਈਜ਼ੇਸ਼ਨ ਨਾ ਕਰਵਾਉਣ ਦੇ ਜੋਖਮ ਸਮਝਣ ਦੇ ਕਾਬਲ ਹੋਣ, ਕਾਨੂੰਨੀ ਤੌਰ ਤੇ ਇਮਿਊਨਾਈਜ਼ੇਸ਼ਨ ਲਈ ਸਹਿਮਤ । ਹੋ ਸਕਦੇ ਜਾਂ ਇਨਕਾਰ ਕਰ ਸਕਦੇ ਹਨ।ਸਿਆਣੇ ਨਾਬਾਲਗਾਂ ਦੀ ਸਹਿਮਤੀ ਬਾਰੇ ਹੋਰ ਜਾਣਕਾਰੀ ਵਾਸਤੇ HealthLinkBC File #119 ਦ ਇੰਨਫੈਂਟਸ ਐਕਟ, ਸਿਆਣੇ ਨਾਬਾਲਗਾਂ ਦੀ ਸਹਿਮਤੀ ਅਤੇ ਇਮਿਊਨਾਈਜ਼ੇਸ਼ਨ ਦੇਖੋ।

ਇਮਿਊਨਾਈਜ਼ੇਸ਼ਨ ਬਾਰੇ ਹੋਰ ਜ਼ਿਆਦਾ ਜਾਣਕਾਰੀ ਲਈ ਇਮਿਊਨਾਈਜ਼ ਬੀ.ਸੀ. ਦੀ ਇਹ ਵੈੱਬਸਾਈਟ https://immunizebc.ca/. ਦੇਖੋ।

BRITISH COLUMBIA | ImmunizeBC

BC Centre for Disease Control
An agency of the Provincial Health Services Authority